ਰਾਮਕਲੀ ਮਹਲਾ ੫ ॥ ਕਰਿ ਸੰਜੋਗੁ ਬਨਾਈ ਕਾਛਿ ॥ ਤਿਸੁ ਸੰਗਿ ਰਹਿਓ ਇਆਨਾ ਰਾਚਿ ॥ ਪ੍ਰਤਿਪਾਰੈ ਨਿਤ ਸਾਰਿ ਸਮਾਰੈ ॥ ਅੰਤ ਕੀ ਬਾਰ ਊਠਿ ਸਿਧਾਰੈ ॥੧॥ ਨਾਮ ਬਿਨਾ ਸਭੁ ਝੂਠੁ ਪਰਾਨੀ ॥ ਗੋਵਿਦ ਭਜਨ ਬਿਨੁ ਅਵਰ ਸੰਗਿ ਰਾਤੇ ਤੇ ਸਭਿ ਮਾਇਆ ਮੂਠੁ ਪਰਾਨੀ ॥ ੧॥ ਰਹਾਉ ॥ ਤੀਰਥ ਨਾਇ ਨ ਉਤਰਸਿ ਮੈਲੁ ॥ ਕਰਮ ਧਰਮ ਸਭਿ ਹਉਮੈ ਫੈਲੁ ॥ ਲੋਕ ਪਚਾਰੈ ਗਤਿ ਨਹੀ ਹੋਇ ॥ ਨਾਮ ਬਿਹੂਣੇ ਚਲਸਹਿ ਰੋਇ ॥੨॥ ਬਿਨੁ ਹਰਿ ਨਾਮ ਨ ਟੂਟਸਿ ਪਟਲ ॥ ਸੋਧੇ ਸਾਸਤ੍ਰ ਸਿਮ੍ਰਿਤਿ ਸਗਲ ॥ ਸੋ ਨਾਮੁ ਜਪੈ ਜਿਸੁ ਆਪਿ ਜਪਾਏ ॥ ਸਗਲ ਫਲਾ ਸੇ ਸੂਖਿ ਸਮਾਏ ॥੩॥ ਰਾਖਨਹਾਰੇ ਰਾਖਹੁ ਆਪਿ ॥ ਸਗਲ ਸੁਖਾ ਪ੍ਰਭ ਤੁਮਰੈ ਹਾਥਿ ॥ ਜਿਤੁ ਲਾਵਹਿ ਤਿਤੁ ਲਾਗਹ ਸੁਆਮੀ ॥ ਨਾਨਕ ਸਾਹਿਬੁ ਅੰਤਰਜਾਮੀ ॥੪॥੧੩॥੨੪॥ {ਪੰਨਾ 890}

ਪਦਅਰਥ:- ਕਰਿ—ਕਰ ਕੇ, ਬਣਾ ਕੇ। ਸੰਜੋਗੁ—ਮਿਲਾਪ, (ਜਿੰਦ ਤੇ ਸਰੀਰ ਦੇ) ਮਿਲਾਪ (ਦਾ ਸਮਾ)। ਕਾਛਿ—ਕੱਛ ਕੇ, ਮਾਪ ਕੇ (ਜਿਵੇਂ ਕੋਈ ਦਰਜ਼ੀ ਕੱਪੜਾ ਮਾਪ ਕਤਰ ਕੇ ਕਮੀਜ਼ ਆਦਿ ਬਣਾਂਦਾ ਹੈ)। ਸੰਗਿ—ਨਾਲ। ਇਆਨਾ—ਬੇ-ਸਮਝ ਜੀਵ। ਰਾਚਿ ਰਹਿਓ—ਪਰਚਿਆ ਰਹਿੰਦਾ ਹੈ। ਪ੍ਰਤਿਪਾਰੈ—ਪਾਲਦਾ ਹੈ। ਸਾਰਿ—ਸਾਰ ਲੈ ਕੇ। ਸਮਾਰੈ—ਸੰਭਾਲ ਕਰਦਾ ਹੈ। ਊਠਿ—ਉੱਠ ਕੇ।1।

ਸਭੁ—ਸਾਰਾ (ਅਡੰਬਰ)। ਝੂਠੁ—ਨਾਸਵੰਤ। ਪਰਾਨੀ—ਹੇ ਪ੍ਰਾਣੀ! ਅਵਰ ਸੰਗਿ—ਹੋਰ ਹੋਰ ਨਾਲ। ਰਾਤੇ—ਮਸਤ। ਤੇ ਸਭਿ—ਉਹ ਸਾਰੇ ਜੀਵ। ਮੂਠੁ—ਠੱਗਿਆ ਹੋਇਆ। ਪਰਾਨੀ—ਹੇ ਪ੍ਰਾਣੀ!।1। ਰਹਾਉ।

ਤੀਰਥ ਨਾਇ—ਤੀਰਥਾਂ ਉਤੇ ਇਸ਼ਨਾਨ ਕਰ ਕੇ। ਨਾਇ—ਨ੍ਹਾਇ। ਉਤਰਸਿ—ਉਤਰੇਗੀ। ਕਰਮ ਧਰਮ—ਮਿਥੇ ਹੋਏ ਧਾਰਮਿਕ ਕੰਮ। ਸਭਿ—ਸਾਰੇ। ਫੈਲੁ—ਪਸਾਰਾ, ਖਿਲਾਰਾ। ਪਚਾਰੈ—ਪਰਚਾਵਾ ਕੀਤਿਆਂ। ਗਤਿ—ਉੱਚੀ ਆਤਮਕ ਅਵਸਥਾ। ਰੋਇ—ਰੋ ਕੇ, ਦੁੱਖੀ ਹੋ ਕੇ।2।

ਪਟਲ—ਪੜਦਾ, ਮਾਇਆ ਦਾ ਪੜਦਾ। ਸੋਧੇ—ਸੋਧਿਆਂ, ਵਿਚਾਰਿਆਂ। ਸਗਲ—ਸਾਰੇ। ਸੋ—ਉਹ ਬੰਦਾ। ਜਪਾਏ—ਜਪਣ ਦੀ ਪ੍ਰੇਰਨਾ ਕਰਦਾ ਹੈ। ਸੇ—ਉਹ ਬੰਦੇ। ਸੂਖਿ—ਸੁਖ ਵਿਚ।3।

ਰਾਖਨਹਾਰੇ—ਹੇ ਰੱਖਿਆ ਕਰਨ ਦੇ ਸਮਰਥ ਪ੍ਰਭੂ! ਪ੍ਰਭ—ਹੇ ਪ੍ਰਭੂ! ਹਾਥਿ—ਹੱਥ ਵਿਚ। ਜਿਤੁ—ਜਿਸ (ਕੰਮ) ਵਿਚ। ਲਾਵਹਿ—ਤੂੰ ਲਾਂਦਾ ਹੈਂ, ਤੂੰ ਜੋੜਦਾ ਹੈਂ। ਤਿਤੁ—ਉਸ (ਕੰਮ) ਵਿਚ। ਲਾਗਹ—ਅਸੀਂ ਜੀਵ ਲੱਗ ਪੈਂਦੇ ਹਾਂ। ਸੁਆਮੀ—ਹੇ ਮਾਲਕ! ਨਾਨਕ—ਹੇ ਨਾਨਕ! ਅੰਤਰਜਾਮੀ—ਦਿਲ ਦੀ ਜਾਣਨ ਵਾਲਾ।4।

ਅਰਥ:- (ਜਿਵੇਂ ਕੋਈ ਦਰਜ਼ੀ ਕੱਪੜਾ ਮਾਪ ਕਤਰ ਕੇ ਮਨੁੱਖ ਦੇ ਸਰੀਰ ਵਾਸਤੇ ਕਮੀਜ਼ ਆਦਿਕ ਬਣਾਂਦਾ ਹੈ, ਤਿਵੇਂ ਪਰਮਾਤਮਾ ਨੇ ਜਿੰਦ ਤੇ ਸਰੀਰ ਦੇ) ਮਿਲਾਪ (ਦਾ ਅਵਸਰ) ਬਣਾ ਕੇ (ਜਿੰਦ ਵਾਸਤੇ ਇਹ ਸਰੀਰ-ਚੋਲੀ) ਕੱਛ ਕੇ ਬਣਾ ਦਿੱਤੀ। ਉਸ (ਸਰੀਰ-ਚੋਲੀ) ਨਾਲ ਬੇ-ਸਮਝ ਜੀਵ ਪਰਚਿਆ ਰਹਿੰਦਾ ਹੈ। ਸਦਾ ਇਸ ਸਰੀਰ ਨੂੰ ਪਾਲਦਾ ਪੋਸਦਾ ਰਹਿੰਦਾ ਹੈ, ਤੇ ਸਦਾ ਇਸ ਦੀ ਸਾਂਭ-ਸੰਭਾਲ ਕਰਦਾ ਰਹਿੰਦਾ ਹੈ। ਅੰਤ ਦੇ ਵੇਲੇ ਜੀਵ (ਇਸ ਨੂੰ ਛੱਡ ਕੇ) ਉੱਠ ਤੁਰਦਾ ਹੈ।1।

ਹੇ ਜੀਵ! ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸਾਰਾ ਅਡੰਬਰ ਨਾਸਵੰਤ ਹੈ। ਹੇ ਪ੍ਰਾਣੀ! ਜੇਹੜੇ ਬੰਦੇ ਪਰਮਾਤਮਾ ਦੇ ਭਜਨ ਤੋਂ ਬਿਨਾ ਹੋਰ ਪਦਾਰਥਾਂ ਨਾਲ ਮਸਤ ਰਹਿੰਦੇ ਹਨ, ਉਹ ਸਾਰੇ ਮਾਇਆ (ਦੇ ਮੋਹ) ਵਿਚ ਠੱਗੇ ਜਾਂਦੇ ਹਨ।1। ਰਹਾਉ।

(ਹੇ ਭਾਈ! ਮਾਇਆ ਦੇ ਮੋਹ ਦੀ ਇਹ) ਮੈਲ ਤੀਰਥਾਂ ਉਤੇ ਇਸ਼ਨਾਨ ਕਰ ਕੇ ਨਹੀਂ ਉਤਰੇਗੀ। (ਤੀਰਥ-ਇਸ਼ਨਾਨ ਆਦਿਕ ਇਹ) ਸਾਰੇ (ਮਿਥੇ ਹੋਏ) ਧਾਰਮਿਕ ਕੰਮ ਹਉਮੈ ਦਾ ਖਿਲਾਰਾ ਹੀ ਹੈ। (ਤੀਰਥ-ਇਸ਼ਨਾਨ ਆਦਿਕ ਕਰਮਾਂ

ਦੀ ਰਾਹੀਂ ਆਪਣੇ ਧਾਰਮਿਕ ਹੋਣ ਬਾਰੇ) ਲੋਕਾਂ ਦੀ ਤਸੱਲੀ ਕਰਾਇਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ। ਪਰਮਾਤਮਾ ਦੇ ਨਾਮ ਤੋਂ ਸੱਖਣੇ ਸਭ ਜੀਵ (ਇਥੋਂ) ਰੋ ਰੋ ਕੇ ਹੀ ਜਾਣਗੇ।2।

(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਮੋਹ ਦਾ) ਪੜਦਾ ਨਹੀਂ ਟੁੱਟੇਗਾ। ਸਾਰੇ ਹੀ ਸ਼ਾਸਤ੍ਰ ਅਤੇ ਸਿਮ੍ਰਿਤੀਆਂ ਵਿਚਾਰਿਆਂ ਭੀ (ਇਹ ਪੜਦਾ ਦੂਰ ਨਹੀਂ ਹੋਵੇਗਾ)। (ਜਿਹੜੇ ਬੰਦੇ ਨਾਮ ਜਪਦੇ ਹਨ) ਉਹਨਾਂ ਨੂੰ (ਮਨੁੱਖਾ ਜੀਵਨ ਦੇ) ਸਾਰੇ ਫਲ ਪ੍ਰਾਪਤ ਹੁੰਦੇ ਹਨ, ਉਹ ਬੰਦੇ (ਸਦਾ) ਆਨੰਦ ਵਿਚ ਟਿਕੇ ਰਹਿੰਦੇ ਹਨ। ਪਰ ਉਹੀ ਬੰਦਾ ਨਾਮ ਜਪਦਾ ਹੈ ਜਿਸ ਨੂੰ ਪ੍ਰਭੂ ਆਪ ਨਾਮ ਜਪਣ ਲਈ ਪ੍ਰੇਰਦਾ ਹੈ।3।

ਹੇ ਸਭ ਦੀ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਤੂੰ ਆਪ ਹੀ (ਮਾਇਆ ਦੇ ਮੋਹ ਤੋਂ ਅਸਾਂ ਜੀਵਾਂ ਦੀ) ਰੱਖਿਆ ਕਰ ਸਕਦਾ ਹੈਂ। ਹੇ ਪ੍ਰਭੂ! ਸਾਰੇ ਸੁਖ ਤੇਰੇ ਆਪਣੇ ਹੱਥ ਵਿਚ ਹਨ। ਹੇ ਮਾਲਕ-ਪ੍ਰਭੂ! ਤੂੰ ਜਿਸ ਕੰਮ ਵਿਚ (ਸਾਨੂੰ) ਲਾਂਦਾ ਹੈਂ, ਅਸੀਂ ਉਸੇ ਕੰਮ ਵਿਚ ਲੱਗ ਪੈਂਦੇ ਹਾਂ। ਹੇ ਨਾਨਕ! (ਆਖ—) ਮਾਲਕ-ਪ੍ਰਭੂ ਸਭ ਦੇ ਦਿਲਾਂ ਦੀ ਜਾਣਨ ਵਾਲਾ ਹੈ।4।13। 24।